# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 13:10

**ਮਿਤੀ : 08-11-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਉੱਤਰ ਪ੍ਰਦੇਸ਼ ਦੇ ਵਾਰਾਣਸੀ ਤੋਂ ਚਾਰ ਨਵੀਆਂ ਵੰਦੇ ਭਾਰਤ ਐਕਸਪ੍ਰੈਸ ਰੇਲ ਗੱਡੀਆਂ ਨੂੰ ਹਰੀ ਝੰਡੀ ਦਿਖਾਈ। ਸ਼੍ਰੀ ਮੋਦੀ ਨੇ ਵਾਰਾਣਸੀ ਰੇਲਵੇ ਸਟੇਸ਼ਨ ਤੋਂ ਬਨਾਰਸ-ਖਜੂਰਾਹੋ ਵੰਦੇ ਭਾਰਤ ਟ੍ਰੇਨ ਨੂੰ ਹਰੀ ਝੰਡੀ ਦਿਖਾਈ, ਨਾਲ ਹੀ ਤਿੰਨ ਹੋਰ ਵੰਦੇ ਭਾਰਤ ਰੇਲ ਗੱਡੀਆਂ ਨੂੰ ਵਰਚੁਅਲੀ ਰਵਾਨਾ ਕੀਤਾ। ਇਸ ਮੌਕੇ ਸ਼੍ਰੀ ਮੋਦੀ ਨੇ ਕਿਹਾ, ਇਹ ਵੰਦੇ ਭਾਰਤ ਰੇਲ ਗੱਡੀਆਂ ਸੰਪਰਕ ਵਧਾਉਣਗੀਆਂ ਅਤੇ ਨਾਗਰਿਕਾਂ ਨੂੰ ਵਧੇਰੇ ਆਰਾਮ ਪ੍ਰਦਾਨ ਕਰਨਗੀਆਂ। ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਹ ਰੇਲ ਗੱਡੀਆਂ ਯਾਤਰਾ ਦਾ ਸਮਾਂ ਘਟਾਉਣਗੀਆਂ ਅਤੇ ਖੇਤਰੀ ਗਤੀਸ਼ੀਲਤਾ ਵਧਾਉਣਗੀਆਂ, ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨਗੀਆਂ ਅਤੇ ਦੇਸ਼ ਭਰ ਵਿੱਚ ਆਰਥਿਕ ਗਤੀਵਿਧੀਆਂ ਦਾ ਸਮਰਥਨ ਕਰਨਗੀਆਂ।

---------------------------------------------------

ਇਸੇ ਤਹਿਤ ਅੱਜ ਫਿਰੋਜ਼ਪੁਰ ਤੋਂ ਦਿੱਲੀ ਲਈ ਵੰਦੇ ਭਾਰਤ ਐਕਸਪ੍ਰੈਸ ਰੇਲ ਗੱਡੀ ਦੀ ਸ਼ੁਰੂਆਤ ਹੋਈ ਏ। ਇਹ ਰੇਲ ਗੱਡੀ ਫਿਰੋਜ਼ਪੁਰ ਕੈਂਟ ਜੰਕਸ਼ਨ ਤੋਂ ਸਵੇਰੇ 8 ਵੱਜ ਕੇ 5 ਮਿੰਟ 'ਤੇ ਚੱਲਿਆ ਕਰੇਗੀ ਅਤੇ

ਫਰੀਦਕੋਟ, ਬਠਿੰਡਾ, ਪਟਿਆਲਾ, ਅੰਬਾਲਾ, ਪਾਣੀਪਤ ਦੇ ਰਸਤੇ ਬਾਅਦ ਦੁਪਹਿਰ 3 ਵੱਜ ਕੇ 5 ਮਿੰਟ 'ਤੇ ਦਿੱਲੀ ਪਹੁੰਚੇਗੀ। ਬਠਿੰਡਾ ਰੇਲਵੇ ਸਟੇਸ਼ਨ ਤੇ ਪਹੁੰਚਣ ਤੇ ਲੋਕਾਂ ਨੇ ਵੰਦੇ ਭਾਰਤ ਐਕਸਪ੍ਰੈਸ ਰੇਲ ਗੱਡੀਆਂ ਦਾ ਭਰਵਾਂ ਸਵਾਗਤ ਕੀਤਾ।

ਇਸ ਮੌਕੇ ਫਿਰੋਜ਼ਪੁਰ ਤੋਂ ਵੰਦੇ ਭਾਰਤ ਰੇਲ ਗੱਡੀ ਰਾਹੀਂ ਬਠਿੰਡਾ ਆਏ ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਕਿਹਾ ਕਿ ਮਾਲਵਾ ਖੇਤਰ ਨੂੰ ਇਸ ਤਰ੍ਹਾਂ ਦੀ ਆਧੁਨਿਕ ਟ੍ਰੇਨ ਦੀ ਜ਼ਰੂਰਤ ਸੀ।

***Byte***

---------------------------------------------------------

ਪੰਜਾਬ ਵਿੱਚ, ਦੇਸ਼ ਭਗਤੀ ਦਾ ਸੁਨੇਹਾ ਦਿੰਦੇ ਹੋਏ, ਸੀਮਾ ਸੁਰੱਖਿਆ ਬਲ (BSF) ਨੇ ਕੱਲ੍ਹ ਸ਼ਾਮ ਅੰਮ੍ਰਿਤਸਰ ਵਿਖੇ ਵਿਸ਼ਵ ਪ੍ਰਸਿੱਧ ਅਟਾਰੀ-ਵਾਹਗਾ ਸਾਂਝੀ ਚੈੱਕ ਪੋਸਟ ਅਤੇ ਫਾਜ਼ਿਲਕਾ ਵਿਖੇ ਸਾਦਕੀ ਸਾਂਝੀ ਚੈੱਕ ਪੋਸਟ 'ਤੇ ਰਾਸ਼ਟਰੀ ਗੀਤ ਵੰਦੇ ਮਾਤਰਮ ਦਾ ਸਮੂਹਿਕ ਗਾਇਨ ਕੀਤਾ। ਬੀ.ਐਸ.ਐਫ. ਦੇ ਜਵਾਨਾਂ ਦੇ ਨਾਲ ਹਜ਼ਾਰਾਂ ਦਰਸ਼ਕਾਂ ਨੇ ਵੀ ਵੰਦੇ ਮਾਤਰਮ ਦਾ ਗਾਇਨ ਕੀਤਾ ਜਿਸ ਨਾਲ ਹਰੇਕ ਭਾਰਤੀ ਦੇ ਦਿਲ ਵਿੱਚ ਉਤਸ਼ਾਹ, ਮਾਣ ਅਤੇ ਦੇਸ਼ ਪ੍ਰਤੀ ਪਿਆਰ ਦੀ ਇੱਕ ਵਿਲੱਖਣ ਭਾਵਨਾ ਪੈਦਾ ਹੋਈ ਏ। ਇਸ ਸਮੂਹਿਕ ਗਾਇਕ ਦਾ ਆਯੋਜਨ ਰਾਸ਼ਟਰੀ ਗੀਤ ਦੀ 150ਵੀਂ ਵਰ੍ਹੇਗੰਢ ਮਨਾਉਣ ਦੀ ਲੜੀ ਵਜੋਂ ਕੀਤਾ ਗਿਆ ਏ। ਬੀਐਸਐਫ, ਪੰਜਾਬ ਫਰੰਟੀਅਰ ਦੇ ਇੰਸਪੈਕਟਰ ਜਨਰਲ, ਡਾ. ਅਤੁਲ ਫੁਲਜ਼ਲੇ ਦੀ ਅਗਵਾਈ ਵਿੱਚ ਪੰਜਾਬ ਦੇ ਸਾਰੇ ਹੈੱਡਕੁਆਰਟਰਾਂ ਅਤੇ ਯੂਨਿਟਾਂ ਦੇ

ਨਾਲ-ਨਾਲ ਸਰਹੱਦੀ ਚੌਕੀਆਂ 'ਤੇ ਵੀ ਗਾਇਨ ਦਾ ਆਯੋਜਨ ਕੀਤਾ ਗਿਆ। ਜਲੰਧਰ, ਲੁਧਿਆਣਾ ਅਤੇ ਮਾਨਸਾ ਸਮੇਤ ਪੰਜਾਬ ਦੇ ਹੋਰ ਹਿੱਸਿਆਂ ਵਿੱਚ ਵੀ ਇਸੇ ਤਰ੍ਹਾਂ ਦੇ ਪ੍ਰੋਗਰਾਮ ਆਯੋਜਿਤ ਕੀਤੇ ਗਏ। ਚੰਡੀਗੜ੍ਹ ਵਿਖੇ ਰਾਜਪਾਲ ਗੁਲਾਬ ਚੰਦ ਕਟਾਰੀਆ ਦੀ ਪ੍ਰਧਾਨਗੀ ਹੇਠ ਕਰਵਾਏ ਗਏ ਸਮਾਗਮ ਵਿੱਚ ਪ੍ਰਧਾਨ ਮੰਤਰੀ, ਸ਼੍ਰੀ ਨਰੇਂਦਰ ਮੋਦੀ ਦੇ ਸੰਬੋਧਨ ਦਾ ਸਿੱਧਾ ਪ੍ਰਸਾਰਣ ਵੀ ਕੀਤਾ ਗਿਆ।

----------------------------------------------------

ਪੰਜਾਬ ਸਰਕਾਰ ਅੱਜ ਸ਼ਾਮ ਗੁਰਦਾਸਪੁਰ, ਫਰੀਦਕੋਟ, ਫਾਜ਼ਿਲਕਾ ਅਤੇ ਹੁਸ਼ਿਆਰਪੁਰ ਜ਼ਿਲ੍ਹਿਆਂ ਵਿੱਚ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਲਾਈਟ ਐਂਡ ਸਾਊਂਡ ਸ਼ੋਅ ਦਾ ਦੂਜਾ ਗੇੜ੍ਹ ਕਰਾ ਰਹੀ ਏ। ਪੰਜਾਬ ਵਿਧਾਨ ਸਭਾ ਦੇ ਸਪੀਕਰ ਤੇ ਡਿਪਟੀ ਸਪੀਕਰ ਦੇ ਨਾਲ-ਨਾਲ ਵੱਖ-ਵੱਖ ਕੈਬਨਿਟ ਮੰਤਰੀ ਸ਼ਰਧਾਲੂਆਂ ਦੇ ਨਾਲ ਇਨ੍ਹਾਂ ਸਮਾਗਮਾਂ ਵਿੱਚ ਹਿੱਸਾ ਲੈਣਗੇ।

----------------------------------------------------

ਵਿਦਿਆਰਥੀਆਂ ਨੂੰ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੀ ਸਦੀਵੀਂ ਵਿਰਾਸਤ, ਸਿੱਖਿਆਵਾਂ ਅਤੇ ਮਹਾਨ ਕੁਰਬਾਨੀ ਬਾਰੇ ਜਾਗਰੂਕ ਕਰਨ ਦੇ ਉਦੇਸ਼ ਨਾਲ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਨੌਵੇਂ ਪਾਤਿਸ਼ਾਹ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਤਿੰਨ ਦਿਨਾ ਸੈਮੀਨਾਰ ਲੜੀ ਕਰਵਾਈ ਗਈ। ਇਹ ਸੈਮੀਨਾਰ ਸ੍ਰੀ ਗੁਰੂ ਤੇਗ਼ ਬਹਾਦਰ ਜੀ ਨਾਲ ਸਬੰਧਤ ਅਸਥਾਨਾਂ ਵਿਖੇ 3 ਤੋਂ 7 ਨਵੰਬਰ ਤੱਕ ਕਰਵਾਏ ਗਏ।

ਸਿੱਖਿਆ ਬੋਰਡ ਦੀ ਪਹਿਲਕਦਮੀ ਬਾਰੇ ਵਿਸਥਾਰ ਵਿੱਚ ਦੱਸਦਿਆਂ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਇਸ ਸੈਮੀਨਾਰ ਲੜੀ ਦਾ ਰੂਟ ਚੰਗੀ ਤਰ੍ਹਾਂ ਸੋਚ-ਵਿਚਾਰ ਤੋਂ ਬਾਅਦ ਉਸ ਇਤਿਹਾਸਕ ਮਾਰਗ ਨੂੰ ਚੁਣਿਆ ਗਿਆ ਸੀ, ਜਿੱਥੋਂ ਚੱਲ ਕੇ ਭਾਈ ਜੈਤਾ ਜੀ, ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਦਾ ਪਵਿੱਤਰ ਸੀਸ ਦਿੱਲੀ ਤੋਂ ਸ੍ਰੀ ਅਨੰਦਪੁਰ ਸਾਹਿਬ ਲੈ ਕੇ ਪਹੁੰਚੇ ਸਨ।

---------------------------------------------------------

ਕੇਂਦਰੀ ਜਾਂਚ ਬਿਊਰੋ (ਸੀ.ਬੀ.ਆਈ.) ਨੇ ਪੰਜਾਬ ਦੇ ਸਾਬਕਾ ਡੀਜੀਪੀ ਮੁਹੰਮਦ ਮੁਸਤਫਾ ਅਤੇ ਉਨ੍ਹਾਂ ਦੀ ਪਤਨੀ ਸਾਬਕਾ ਲੋਕ ਨਿਰਮਾਣ ਮੰਤਰੀ ਰਜ਼ੀਆ ਸੁਲਤਾਨਾ ਵਿਰੁੱਧ ਉਨ੍ਹਾਂ ਦੇ ਪੁੱਤਰ ਅਕੀਲ ਅਖਤਰ ਦੀ ਕਥਿਤ ਹੱਤਿਆ ਦੇ ਸਬੰਧ ਵਿੱਚ ਐਫ.ਆਈ.ਆਰ. ਦਰਜ ਕੀਤੀ ਏ। ਅਕੀਲ ਦੀ ਮੌਤ 16 ਅਕਤੂਬਰ ਨੂੰ ਪੰਚਕੂਲਾ ਸਥਿਤ ਉਨ੍ਹਾਂ ਦੇ ਘਰ ਵਿੱਚ ਸ਼ੱਕੀ ਹਾਲਾਤ ਵਿੱਚ ਹੋਈ ਸੀ। ਮ੍ਰਿਤਕ ਦੀ ਪਤਨੀ ਅਤੇ ਭੈਣ ਵਿਰੁੱਧ ਵੀ ਐਫਆਈਆਰ ਦਰਜ ਕੀਤੀ ਗਈ ਏ। ਇਸ ਤੋਂ ਪਹਿਲਾਂ, ਹਰਿਆਣਾ ਸਰਕਾਰ ਨੇ ਮਾਮਲੇ ਦੀ ਜਾਂਚ ਸੀਬੀਆਈ ਨੂੰ ਤਬਦੀਲ ਕਰ ਦਿੱਤੀ ਸੀ। ਸੀਬੀਆਈ ਅਨੁਸਾਰ, ਮ੍ਰਿਤਕ ਅਕੀਲ ਅਤੇ ਉਸ ਦੇ ਪਰਿਵਾਰ ਵਿਚਕਾਰ ਭਾਰੀ **ਅਸੰਤੋਸ਼** ਸੀ ਕਿਉਂਕਿ ਉਸ ਨੇ ਇਸ ਸਬੰਧੀ ਸੋਸ਼ਲ ਮੀਡੀਆ 'ਤੇ ਜਨਤਕ ਤੌਰ 'ਤੇ ਇੱਕ ਵੀਡੀਓ ਪੋਸਟ ਕੀਤਾ ਸੀ।

-----------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆਂ ਨੇ ਕੱਲ੍ਹ ਜਲੰਧਰ ਵਿਖੇ ਇਤਿਹਾਸਿਕ ਸਿੱਧ ਸ਼ਕਤੀਪੀਠ ਸ੍ਰੀ ਦੇਵੀ ਤਲਾਬ ਮੰਦਿਰ ਵਿਖੇ ਪਵਿੱਤਰ ਸਰੋਵਰ ਦੀ ਕਾਰ ਸੇਵਾ ਦੀ ਸ਼ੁਰੂਆਤ ਕਰਦਿਆਂ ਸਾਰੇ ਵਰਗਾਂ ਦੇ ਲੋਕਾਂ ਨੂੰ ਇਸ ਪਵਿੱਤਰ ਸੇਵਾ ਵਿੱਚ ਸਰਗਰਮੀ ਨਾਲ ਸ਼ਿਰਕਤ ਕਰਨ ਦੀ ਅਪੀਲ ਕੀਤੀ ਏ। ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਧਾਨ ਅਮਨ ਅਰੋੜਾ, ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਆਮ ਆਦਮੀ ਪਾਰਟੀ ਪੰਜਾਬ ਦੇ ਇੰਚਾਰਜ ਮਨੀਸ਼ ਸਿਸ਼ੋਦੀਆ ਦੇ ਨਾਲ ਰਾਜਪਾਲ ਕਾਰ ਸੇਵਾ ਦੀ ਸ਼ੁਰੂਆਤ ਕਰਨ ਤੋਂ ਪਹਿਲਾਂ ਪਵਿੱਤਰ ਮੰਦਿਰ ਵਿਖੇ ਨਤਮਸਤਕ ਹੋਏ। ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਰਾਜਪਾਲ ਨੇ ਕਿਹਾ ਕਿ ਜਿਵੇਂ ਅਸੀਂ ਆਪਣੇ ਘਰਾਂ ਨੂੰ ਸਾਫ਼-ਸੁਥਰਾ ਰੱਖਦੇ ਹਾਂ, ਉਸੇ ਤਰ੍ਹਾਂ ਸਾਡਾ ਸਭ ਦਾ ਫਰਜ਼ ਬਣਦਾ ਏ ਕਿ ਅਸੀਂ ਪ੍ਰਮਾਤਮਾ ਦੇ ਘਰਾਂ ਨੂੰ ਵੀ ਇਸ ਕਾਰ ਸੇਵਾ ਰਾਹੀਂ ਸਾਫ਼ ਰੱਖੀਏ।

-----------------------------------------------------------

ਭਾਰਤ ਅਤੇ ਆਸਟ੍ਰੇਲੀਆ ਵਿਚਾਲੇ ਪੰਜ ਮੈਚਾਂ ਦੀ ਟੀ-20 ਕੌਮਾਂਤਰੀ ਕ੍ਰਿਕਟ ਲੜੀ ਦਾ ਪੰਜਵਾਂ ਅਤੇ ਆਖਰੀ ਮੈਚ ਅੱਜ ਖੇਡਿਆ ਜਾਵੇਗਾ। ਇਹ ਮੈਚ ਬ੍ਰਿਸਬੇਨ ਵਿੱਚ ਭਾਰਤੀ ਸਮੇਂ ਅਨੁਸਾਰ ਦੁਪਹਿਰ 1 ਵੱਜ ਕੇ 45 ਮਿੰਟ ’ਤੇ ਸ਼ੁਰੂ ਹੋਵੇਗਾ। ਭਾਰਤ ਲੜੀ ਵਿੱਚ 2-1 ਨਾਲ ਅੱਗੇ ਏ।